**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10**

**ਮਿਤੀ : 05-10-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ **ਪੀਐੱਮ-ਸੇਤੂ ਯੋਜਨਾ** ਦੇਸ਼ ਦੇ ਨੌਜਵਾਨਾਂ ਨੂੰ ਦੁਨੀਆ ਦੀਆਂ ਹੁਨਰ ਸਬੰਧੀ ਜ਼ਰੂਰਤਾਂ ਮੁਤਾਬਕ ਤਿਆਰ ਕਰੇਗੀ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਸ ਯੋਜਨਾ ਤਹਿਤ ਸਨਅਤੀ ਸਿਖਲਾਈ ਸੰਸਥਾਵਾਂ (ITIs) ਦੇ ਨੈੱਟਵਰਕ ਨੂੰ ਮੌਜੂਦਾ ਉਦਯੋਗ ਹੁਨਰ ਸਬੰਧੀ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਤਿਆਰ ਕੀਤਾ ਜਾ ਰਿਹਾ ਏ। ਸ਼੍ਰੀ ਮੋਦੀ ਨੇ ਇਹ ਗੱਲ ਕੱਲ੍ਹ ਨਵੀਂ ਦਿੱਲੀ ਵਿਚ **ਕੌਸ਼ਲ ਦੀਕਸ਼ਾਂਤ ਸਮਾਰੋਹ** ਦੌਰਾਨ ਪੀਐਮ ਸੇਤੂ ਯੋਜਨਾ ਦੀ ਸ਼ੁਰੂਆਤ ਦਾ ਐਲਾਨ ਕਰਦੇ ਹੋਏ ਕਹੀ। ਇਸ ਮੌਕੇ 'ਤੇ ਸ਼੍ਰੀ ਮੋਦੀ ਨੇ 62 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀਆਂ ਨੌਜਵਾਨ ਕੇਂਦਰਤ ਵੱਖ-ਵੱਖ ਪਹਿਲਕਦਮੀਆਂ ਦਾ ਉਦਘਾਟਨ ਕੀਤਾ, ਜਿਸ ਨਾਲ ਦੇਸ਼ ਭਰ ਵਿਚ ਸਿੱਖਿਆ, ਹੁਨਰ ਤੇ ਉੱਦਮਤਾ ਨੂੰ ਹੁਲਾਰਾ ਮਿਲੇਗਾ। Byte...

---------------------------------------------------

ਰਾਸ਼ਟਰੀ ਜਾਂਚ ਏਜੰਸੀ (ਐੱਨ.ਆਈ.ਏ.) ਨੇ ਜਲੰਧਰ ਵਿਚ ਪੰਜਾਬ ਦੇ ਸਾਬਕਾ ਮੰਤਰੀ ਮਨੋਰੰਜਨ ਕਾਲੀਆ ਦੇ ਘਰ ਉੱਤੇ ਹੋਏ ਗ੍ਰਨੇਡ ਹਮਲੇ ਵਿਚ ਸ਼ਾਮਲ 4 ਮੁਲਜ਼ਮਾਂ ਨੂੰ ਚਾਰਜਸ਼ੀਟ ਕੀਤਾ ਏ। ਦਾਇਰ ਚਾਰਜਸ਼ੀਟ ਵਿਚ ਦੋ ਗ੍ਰਿਫ਼ਤਾਰ ਮੁਲਜ਼ਮਾਂ, ਉੱਤਰ ਪ੍ਰਦੇਸ਼ ਦੇ ਅਮਰੋਹਾ ਦੇ ਸੈਦੁਲ ਅਮੀਨ ਤੇ ਹਰਿਆਣਾ ਦੇ ਕੁਰੂਕਸ਼ੇਤਰ ਦੇ ਅਭਿਜੋਤ ਜਾਂਗੜਾ ਅਤੇ 2 ਭਗੌੜਿਆਂ ਹਰਿਆਣਾ ਦੇ ਹੀ ਯਮੁਨਾਨਗਰ ਦੇ ਕੁਲਬੀਰ ਸਿੰਘ ਸਿੱਧੂ ਤੇ ਕਰਨਾਲ ਦੇ ਮਨੀਸ਼ ਨੂੰ ਨਾਮਜ਼ਦ ਕੀਤਾ ਏ। ਬੀਜੇਪੀ ਦੇ ਸਾਬਕਾ ਮੰਤਰੀ ਮਨੋਰੰਜਨ ਕਾਲੀਆ ਦੇ ਜਲੰਧਰ ਸਥਿਤ ਘਰ ਉੱਤੇ ਇਹ ਹਮਲਾ ਇਸੇ ਸਾਲ 7 ਅਪ੍ਰੈਲ ਨੂੰ ਰਾਤ ਵੇਲੇ ਕੀਤਾ ਗਿਆ ਸੀ। ਐੱਨ.ਆਈ.ਏ. ਨੇ ਕੁਝ ਦਿਨਾਂ ਬਾਅਦ 12 ਅਪ੍ਰੈਲ ਨੂੰ ਜਾਂਚ ਆਪਣੇ ਹੱਥਾਂ ਵਿਚ ਲੈ ਲਈ ਸੀ। --

-----------------------------------------------------

ਆਮ ਆਦਮੀ ਪਾਰਟੀ ਨੇ ਪੰਜਾਬ ਨਾਲ ਸਬੰਧਤ ਖਾਲੀ ਪਈ ਰਾਜ ਸਭਾ ਸੀਟ ਲਈ ਉਮੀਦਵਾਰ ਦੇ ਨਾਂ ਦਾ ਐਲਾਨ ਕਰ ਦਿੱਤਾ ਏ।

ਪਾਰਟੀ ਦੇ ਸੰਗਠਨ ਸਕੱਤਰ ਡਾ. ਸੰਦੀਪ ਪਾਠਕ ਮੁਤਾਬਕ ਰਜਿੰਦਰ ਗੁਪਤਾ, ਪੰਜਾਬ ਤੋਂ ਰਾਜ ਸਭਾ ਚੋਣ ਲਈ ਪਾਰਟੀ ਦੇ ਉਮੀਦਵਾਰ ਹੋਣਗੇ।

---

ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਏ ਕਿ ਸਕੂਲ ਵਾਹਨਾਂ ਦੀ ਨਿਗਰਾਨੀ ਤੇ ਸੁਰੱਖਿਅਤ ਸਕੂਲ ਵਾਹਨ ਨੀਤੀ ਨੂੰ ਸਖ਼ਤੀ ਨਾਲ ਲਾਗੂ ਕਰਨ ਲਈ ਠੋਸ ਕਦਮ ਚੁੱਕੇ ਜਾ ਰਹੇ ਨੇ। ਉਨ੍ਹਾਂ ਦੱਸਿਆ ਕਿ 2022 ਤੋਂ ਜੁਲਾਈ 2025 ਤੱਕ, ਪੰਜਾਬ ਵਿਚ ਕੁਲ 13,819 ਸਕੂਲ ਵਾਹਨਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚੋਂ 4,351 ਵਾਹਨਾਂ ਦੇ ਚਲਾਨ ਕੀਤੇ ਗਏ ਅਤੇ 87 ਵਾਹਨਾਂ ਨੂੰ ਜ਼ਬਤ ਕੀਤਾ ਗਿਆ। ਸੁਰੱਖਿਅਤ ਸਕੂਲ ਵਾਹਨ ਨੀਤੀ ਮੁਤਾਬਕ ਸਾਰੇ ਸਕੂਲ ਵਾਹਨਾਂ ਦਾ ਰੰਗ ਪੀਲਾ ਹੋਣਾ ਚਾਹੀਦਾ ਏ, ਹੰਗਾਮੀ ਹਾਲਤ ਲਈ ਨਿਕਾਸੀ ਦਰਵਾਜਾ ਹੋਵੇ, ਡਰਾਈਵਰ ਤੇ ਕੰਡਕਟਰ ਕੋਲ ਮਾਨਤਾ ਪ੍ਰਾਪਤ ਲਾਇਸੈਂਸ, ਮੈਡੀਕਲ ਫਿਟਨੈੱਸ ਰਿਪੋਰਟ ਤੇ ਘੱਟੋ-ਘੱਟ 5 ਸਾਲ ਦਾ ਡਰਾਈਵਿੰਗ ਤਜਰਬਾ ਹੋਣਾ ਲਾਜ਼ਮੀ ਏ। ਮੰਤਰੀ ਨੇ ਅੱਗੇ ਦੱਸਿਆ ਕਿ ਕੋਈ ਵੀ ਸਮੱਸਿਆ ਹੋਵੇ ਤਾਂ ਚਾਈਲਡ ਪ੍ਰੋਟੈਕਸ਼ਨ ਯੂਨਿਟ ਜਾਂ ਚਾਈਲਡ ਹੈਲਪਲਾਈਨ ਨੰਬਰ 1098 ਉੱਤੇ ਇਤਲਾਹ ਦਿੱਤੀ ਜਾ ਸਕਦੀ ਏ।

---

ਭਾਰਤ ਦੇ ਪੁਰਾਤਨ ਸੱਭਿਆਚਾਰ, ਸ਼ਿਲਪਕਾਰੀ ਤੇ ਵੱਖ-ਵੱਖ ਵੰਨਗੀਆਂ ਵਾਲੇ ਸਰਸ ਮੇਲਾ-2025 ਦਾ ਰਸਮੀ ਉਦਘਾਟਨ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਕੱਲ੍ਹ ਲੁਧਿਆਣਾ ਵਿਚ ਕੀਤਾ। ਇਸ ਮੌਕੇ ਉਨ੍ਹਾਂ ਨਾਲ ਪੀਏਯੂ ਦੇ ਵਾਈਸ ਚਾਂਸਲਰ ਡਾ. ਸਤਬੀਰ ਸਿੰਘ ਗੋਸਲ, ਰਾਜ ਸੂਚਨਾ ਕਮਿਸ਼ਨਰ ਹਰਪ੍ਰੀਤ ਸੰਧੂ, ਲੁਧਿਆਣਾ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਵੀ ਮੌਜੂਦ ਸਨ। ਇਹ ਮੇਲਾ ਸਥਾਨਕ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀ ਮੇਲਾ ਗਰਾਊਂਡ ਵਿਚ 13 ਅਕਤੂਬਰ ਤੱਕ ਜਾਰੀ ਰਹੇਗਾ। ਸਰਸ ਮੇਲੇ ਦਾ ਉਦਘਾਟਨ ਕਰਦਿਆਂ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਸਭ ਨੂੰ ਇਸ ਦੀ ਮੁਬਾਰਕਬਾਦ ਦਿੱਤੀ। ਇਸ ਮੇਲੇ ਵਿਚ ਦੇਸ਼ ਭਰ ਤੋਂ 1,000 ਵੱਧ ਕਾਰੀਗਰਾਂ ਨੂੰ ਹੁਨਰ ਵਿਖਾਉਣ ਦਾ ਮੌਕਾ ਮਿਲੇਗਾ । ਲੁਧਿਆਣਾ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਐਲਾਨ ਕੀਤਾ ਕਿ ਸਰਸ ਮੇਲਾ 2025 ਤੋਂ ਹੋਣ ਵਾਲੀ ਸਾਰੀ ਆਮਦਨ ਹੜ੍ਹ ਪ੍ਰਭਾਵਿਤ ਲੋਕਾਂ ਦੀ ਭਲਾਈ ਉੱਤੇ ਖ਼ਰਚੀ ਜਾਵੇਗੀ।

---------------------------------------------------

ਪੰਜਾਬ ਵਿਚ ਜਾਰੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਦੇ 217ਵੇਂ ਦਿਨ ਪੰਜਾਬ ਪੁਲਿਸ ਨੇ ਕੱਲ੍ਹ 388 ਥਾਵਾਂ 'ਤੇ ਛਾਪਾਮਾਰੀ

ਕੀਤੀ, ਜਿਸ ਦੌਰਾਨ ਸੂਬੇ ਵਿਚ 63 ਮਾਮਲੇ ਦਰਜ ਕਰ ਕੇ 82 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਗਿਆ। ਇਸ ਨਾਲ 217 ਦਿਨਾਂ ਵਿਚ ਗ੍ਰਿਫਤਾਰ ਕੀਤੇ ਗਏ ਕੁਲ ਨਸ਼ਾ ਤਸਕਰਾਂ ਦੀ ਗਿਣਤੀ 31,835 ਹੋ ਗਈ ਏ। ਗ੍ਰਿਫਤਾਰ ਕੀਤੇ ਤਸਕਰਾਂ ਕੋਲੋਂ ਢਾਈ ਕਿੱਲੋ ਤੋਂ ਵੱਧ ਹੈਰੋਇਨ, ਪਾਬੰਦੀਸ਼ੁਦਾ ਗੋਲੀਆਂ ਤੇ ਕੈਪਸੂਲ ਬਰਾਮਦ ਕੀਤੇ ਗਏ ਨੇ।